# ਪੰਜਗਰਾਈਂ ਦੀ ਸਹਿਕਾਰੀ ਸਭਾ ਦੇ ਨਾਕਸ ਪ੍ਰਬੰਧਾਂ ਨੂੰ ਲੈ ਕੇ ਕਿਸਾਨ ਯੂਨੀਅਨ ਵਲੋਂ ਧਰਨਾ

## • ਕਰਜ਼ਾ ਮੋੜਨ ਲਈ ਕਿਸਾਨ ਕੱਢ ਰਹੇ ਨੇ ਬੈਂਕ ਦੇ ਗੇੜੇ

ਪੰਜਗਰਾਈਂ ਕਲਾਂ, 27 ਨਵੰਬਰ (ਸੁਖਮੰਦਰ ਸਿੰਘ ਬਰਾੜ)-ਪੰਜਗਰਾਈਂ ਕਲਾਂ ਕਿ ਪੰਜਗਰਾਈਂ ਕਲਾਂ ਦੀ ਸਹਿਕਾਰੀ ਰਾਜਨੀਤੀ ਦੀ ਭੇਟ ਚੜ੍ਹ ਜਾਣ ਕਾਰਨ ਵਲੋਂ ਕਰਜ਼ੇ ਦੀ ਰਾਸ਼ੀ ਮੋੜਨ ਸਬੰਧੀ ਕੋਈ ਰਸੀਦ ਨਾ ਹੋਣ ਕਾਰਨ ਬੈਂਕ ਕਿਸਾਨਾਂ ਦੀ



ਭਾਰਤੀ ਕਿਸਾਨ ਯੂਨੀਅਨ ਏਕਤਾ (ਫਤਹਿ) ਵਲੋਂ ਲਗਾਏ ਧਰਨੇ 'ਚ ਬੈਠੇ ਆਗੂ ਤੇ ਪਿੰਡ ਵਾਸੀ। ਅਜੀਤ ਤਸਵੀਰ

ਦੀ ਸਹਿਕਾਰੀ ਸਭਾ ਭੰਗ ਹੋਣ ਉਪਰੰਤ ਸਹਿਕਾਰੀ ਸਭਾ ਦੇ ਨਾਕਸ ਪ੍ਰਬੰਧ ਤੋਂ ਦੁਖੀ ਹੋਏ ਪਿੰਡ ਵਾਸੀਆਂ ਨੇ ਭਾਰਤੀ ਕਿਸਾਨ ਯੂਨੀਅਨ ਏਕਤਾ (ਫ਼ਤਹਿ) ਵਲੋਂ ਸਹਿਕਾਰੀ ਸਭਾ ਅੱਗੇ ਧਰਨਾ ਲਗਾਇਆ ਗਿਆ। ਧਰਨੇ ਨੂੰ ਸੰਬੋਧਨ ਕਰਦਿਆਂ ਯੂਨੀਅਨ ਦੇ ਪ੍ਰਧਾਨ ਮਾਸਟਰ ਹਰਜਿੰਦਰ ਸਿੰਘ ਨੇ ਕਿਹਾ ਵਿਭਾਗ ਵਲੋਂ ਸਭਾ ਦੀ ਕਮੇਟੀ ਨੂੰ ਭੰਗ ਕਰ ਦਿੱਤਾ ਗਿਆ ਹੈ। ਸਭਾ ਦੀ ਕਮੇਟੀ ਭੰਗ ਹੋਣ ਕਾਰਨ ਪਿੰਡ ਦੇ ਕਿਸਾਨਾਂ ਨੂੰ ਖਾਦ ਨਹੀਂ ਮਿਲ ਰਹੀ ਤੇ ਕਿਸਾਨਾਂ ਆਪਣੇ ਕਰਜ਼ੇ ਦੀਆਂ ਲਿਮਟਾਂ ਮੋੜਨ ਲਈ ਸਹਿਕਾਰੀ ਸਭਾ ਦੀ ਬੈਂਕ ਦੇ ਗੇੜੇ ਕੱਢ ਰਹੇ ਹਨ ਪਰ ਸਹਿਕਾਰੀ ਸਭਾ ਦੇ ਕਿਸੇ ਸਮਰੱਥ ਅਧਿਕਾਰੀ ਲਿਮਟ ਜ਼ਮ੍ਹਾਂ ਕਰਵਾਉਣ ਤੋਂ ਅਸਮਰੱਥਾ ਪ੍ਰਗਟਾ ਰਹੇ ਹਨ। ਯੂਨੀਅਨ ਦੇ ਜ਼ਿਲ੍ਹਾ ਪ੍ਰਧਾਨ ਗੁਰਜੰਟ ਸਿੰਘ ਅਤੇ ਜ਼ਿਲ੍ਹਾ ਸੀਨੀਅਰ ਮੀਤ ਪ੍ਰਧਾਨ ਬਲਜਿੰਦਰ ਸਿੰਘ ਗੱਗਾ ਨੇ ਕਿਹਾ ਕਿ ਉਹ ਸਹਿਕਾਰੀ ਸਭਾ ਦੇ ਮਸਲੇ ਦੇ ਹੱਲ ਲਈ ਜਿੱਥੇ ਪਿੰਡ ਦੀਆਂ ਪੰਚਾਇਤਾਂ ਨਾਲ ਕਮਰਾਬੰਦ ਮੀਟਿੰਗ ਕਰ ਚੁੱਕੇ ਹਨ ਉੱਥੇ ਇਸ ਸਬੰਧੀ ਉਹ ਸਹਿਕਾਰੀ ਸਭਾਵਾਂ ਦੇ ਸਹਾਇਕ ਰਜਿਸਟਰਾਰ, ਡਿਪਟੀ ਰਜਿਸਟਰਾਰ, ਐਸ.ਡੀ.ਐਮ. ਅਤੇ ਡੀ.ਸੀ. ਫ਼ਰੀਦਕੋਟ ਨੂੰ ਮੰਗ ਪੱਤਰ ਦੀ ਚੁੱਕੇ ਹਨ ਪਰ ਉਨ੍ਹਾਂ ਦੀ ਕੋਈ ਸੁਣਵਾਈ ਨਹੀਂ ਹੋ ਰਹੀ। ਕਿਸਾਨਾਂ ਦੀਆਂ ਮੁਸ਼ਕਿਲਾਂ ਨੂੰ ਧਿਆਨ ਵਿਚ ਰੱਖਦਿਆਂ ਹੀ ਉਨ੍ਹਾਂ ਵਲੋਂ ਇਹ ਧਰਨਾ ਲਗਾਇਆ ਗਿਆ। ਜੇਕਰ ਜ਼ਿਲ੍ਹਾ ਪ੍ਰਸ਼ਾਸਨ ਵਲੋਂ ਕਿਸਾਨਾਂ ਦੀ ਇਸ ਸਮੱਸਿਆ ਦਾ ਹੱਲ ਨਾ ਕੀਤਾ ਗਿਆ ਤਾਂ ਉਹ ਪਿੰਡ ਵਾਸੀਆਂ ਦੇ ਸਹਿਯੋਗ ਨਾਲ ਵੱਡੇ ਪੱਧਰ 'ਤੇ ਪ੍ਰੋਗਰਾਮ ਉਲੀਕਣ ਲਈ ਮਜਬੂਰ ਹੋਣਗੇ। ਧਰਨੇ ਦੀ ਸੂਚਨਾ ਮਿਲਦਿਆਂ ਪੁਲਿਸ ਪ੍ਰਸ਼ਾਸਨ ਤੇ ਹੋਰ ਅਧਿਕਾਰੀ ਮੌਕੇ 'ਤੇ ਪਹੁੰਚ ਗਏ ਤੇ ਉਨ੍ਹਾਂ ਨੇ ਕਿਸਾਨਾਂ ਨੂੰ ਧਰਨਾ ਸਮਾਪਤ ਕਰਨ ਦੀ ਅਪੀਲ ਕੀਤੀ ਪਰ ਕਿਸਾਨ ਕਿਸੇ ਸਮਰੱਥ ਅਧਿਕਾਰੀ ਵਲੋਂ ਪੁਹੰਚ ਕੇ ਕਿਸਾਨਾਂ ਦੀ ਮੰਗ ਨੂੰ ਮੰਨੇ ਜਾਣ ਤੱਕ ਧਰਨਾ ਲਗਾਈ ਰੱਖਣ ਲਈ ਅੜੇ ਰਹੇ। ਇਸ ਦੌਰਾਨ ਸਹਿਕਾਰੀ ਸਭਾਵਾਂ ਦੇ ਸਹਾਇਕ ਰਜਿਸਟਰਾਰ ਰਾਜਵੰਤ ਸਿੰਘ ਨੇ ਮੌਕੇ 'ਤੇ ਪਹੁੰਚ ਕੇ ਕਿਸਾਨਾਂ ਨੂੰ ਵਿਸ਼ਵਾਸ ਦਿਵਾਇਆ ਕਿ ਸੋਮਵਾਰ ਤੋਂ ਸਹਿਕਾਰੀ ਸਭਾ ਦਾ ਕੰਮ ਆਮ ਵਾਂਗ ਹੋਇਆ ਕਰੇਗਾ। ਸਹਾਇਕ ਰਜਿਸਟਰਾਰ ਵਲੋਂ ਦਿੱਤੇ ਗਏ ਭਰੋਸੇ ਉਪਰੰਤ ਯੂਨੀਅਨ ਵਲੋਂ ਧਰਨਾ ਚੁੱਕ ਲਿਆ ਗਿਆ। ਧਰਨੇ ਨੂੰ ਬਲਾਕ ਪ੍ਰਧਾਨ ਅਮਨਦੀਪ ਸਿੰਘ ਸੰਧੂ ਨੇ ਵੀ ਸੰਬੋਧਨ ਕੀਤਾ। ਧਰਨੇ 'ਚ ਸਾਬਕਾ ਸਰਪੰਚ ਅਮਰਜੀਤ ਕੌਰ ਪੰਜਗਰਾਈਂ, ਸੁਖਮੰਦਰ ਸਿੰਘ ਬਰਾੜ, ਸੁਖਮੰਦਰ ਸਿੰਘ ਮੰਦੀ ਸੂਬਾ ਖਜ਼ਾਨਚੀ, ਹਰਦੀਪ ਸਿੰਘ ਮੰਤਰੀ, ਸਰੂਪ ਸਿੰਘ ਮੰਨਾ, ਬਲਵਿੰਦਰ ਸਿੰਘ ਘੁੱਕਾ, ਬਿੱਟੂ ਬਰਾੜ, ਸੁਖਰਾਜ ਸਿੰਘ ਬੱਬੀ ਗਿੱਲ, ਮੇਜਰ ਸਿੰਘ ਗਿੱਲ, ਰੂਪ ਬਰਾੜ, ਮੱਖਣ ਸਿੰਘ ਬਰਾੜ, ਲਖਵਿੰਦਰ ਸਿੰਘ ਬਰਾੜ, ਰਣਜੀਤ ਸਿੰਘ ਜੀਤ ਬਰਾੜ, ਜਸਵਿੰਦਰ ਸਿੰਘ ਬਰਾੜ, ਪਰਮਾ ਸੰਧੂ, ਬੂਟਾ ਬਰਾੜ, ਨਸੀਬ ਸਿੰਘ ਸਰਾਂ ਆਦਿ ਹਾਜ਼ਰ ਸਨ।



ਜ਼ਿਲ੍ਹਾ ਪ੍ਰੀਸ਼ਦ ਸਰਾਵਾਂ ਤੋਂ ਮੈਂਗਲ ਸਿੰਘ ਬਰਾੜ ਤੇ ਬਲਾਕ ਸੰਮਤੀ ਢਿੱਲਵਾਂ ਕਲਾਂ ਤੋਂ ਗੁਰਸੇਵਕ ਸਿੰਘ ਅਨੋਖ ਨੂੰ ਉਮੀਦਵਾਰ ਐਲਾਨਣ ਉਪਰੰਤ ਸਿਰੋਪਾਓ ਦੇ ਕੇ ਸਨਮਾਨਿਤ ਕਰਦੇ ਹੋਏ ਸੂਬਾ ਸਿੰਘ ਬਾਦਲ ਅਤੇ ਅਕਾਲੀ ਵਰਕਰ। ਅਜੀਤ ਤਸਵੀਰ

# ਸ਼੍ਰੋਮਣੀ ਅਕਾਲੀ ਦਲ (ਬ) ਵਲੋਂ ਮੈਂਗਲ ਸਿੰਘ ਬਰਾੜ ਨੂੰ ਜ਼ਿਲ੍ਹਾ ਪ੍ਰੀਸ਼ਦ ਤੇ ਗੁਰਸੇਵਕ ਸਿੰਘ ਅਨੋਖ ਨੂੰ ਬਲਾਕ ਸੰਮਤੀ ਦਾ ਉਮੀਦਵਾਰ ਐਲਾਨਿਆ

ਪੰਜਗਰਾਈਂ ਕਲਾਂ, 27 ਨਵੰਬਰ (ਸੁਖਮੰਦਰ ਸਿੰਘ ਬਰਾੜ)-ਆਗਾਮੀ ਜ਼ਿਲ੍ਹਾ ਪ੍ਰੀਸ਼ਦ ਅਤੇ ਬਲਾਕ ਸੰਮਤੀ ਚੋਣਾਂ ਦੇ ਮੱਦੇਨਜ਼ਰ ਸ਼੍ਰੋਮਣੀ ਅਕਾਲੀ ਦਲ (ਬ) ਵਲੋਂ ਸਰਾਵਾਂ ਜ਼ੋਨ ਤੋਂ ਸਾਬਕਾ ਬਲਾਕ ਸੰਮਤੀ ਮੈਂਬਰ ਮੈਂਗਲ ਸਿੰਘ ਬਰਾੜ ਢਿੱਲਵਾਂ ਨੂੰ ਜ਼ਿਲ੍ਹਾ ਪ੍ਰੀਸ਼ਦ ਤੇ ਬਲਾਕ ਸੰਮਤੀ ਢਿੱਲਵਾਂ ਕਲਾਂ ਤੋਂ ਗੁਰਸੇਵਕ ਸਿੰਘ ਅਨੋਖ ਨੂੰ ਬਲਾਕ ਸੰਮਤੀ ਦਾ ਉਮੀਦਵਾਰ ਐਲਾਨਿਆ ਹੈ। ਉਕਤ ਉਮੀਦਵਾਰਾਂ ਦਾ ਰਸਮੀਂ ਐਲਾਨ ਕਰਦਿਆਂ ਵਿਧਾਨ ਸਭਾ ਹਲਕਾ ਜੈਤੋ ਦੇ ਮੁੱਖ ਸੇਵਾਦਾਰ ਸੂਬਾ ਸਿੰਘ ਬਾਦਲ ਨੇ ਕਿਹਾ ਕਿ ਸਥਾਨਕ ਸਰਕਾਰਾਂ ਦੀਆਂ ਚੋਣਾਂ 'ਚ ਅਕਾਲੀ ਦਲ ਸ਼ਾਨਦਾਰ ਜਿੱਤ ਦਰਜ ਕਰਕੇ ਵਿਰੋਧੀਆਂ ਦੇ ਮੂੰਹ ਬੰਦ ਕਰ ਦੇਵੇਗਾ। ਇਸ ਮੌਕੇ ਸੂਬਾ ਸਿੰਘ ਬਾਦਲ ਵਲੋਂ ਦੋਨਾਂ ਉਮੀਦਵਾਰਾਂ ਨੂੰ ਸਿਰੋਪਾਉ ਦੇ ਕੇ ਸਨਮਾਨਿਤ ਵੀ ਕੀਤਾ। ਇਸ ਮੌਕੇ ਸੀਨੀਅਰ ਆਗੂ ਡਾ. ਕਰਮ ਸਿੰਘ ਢਿੱਲਵਾਂ, ਗੁਰਪ੍ਰੀਤ ਸਿੰਘ ਸੋਢੀ, ਸਾਬਕਾ ਮਾਰਕੀਟ ਕਮੇਟੀ ਮੈਂਬਰ ਕੁਲਵੰਤ ਸਿੰਘ ਬੁੱਟਰ, ਹਰਵਿੰਦਰ ਸਿੰਘ ਢਿੱਲੋਂ, ਮੱਖਣ ਸਿੰਘ ਧਾਲੀਵਾਲ, ਵਕੀਲ ਸਿੰਘ ਸਾਬਕਾ ਸਰਪੰਚ ਰਾਮਸਰ, ਲਾਭ ਸਿੰਘ ਸਾਬਕਾ ਸਰਪੰਚ ਕੋਠੇ ਚੱਕ ਭਾਗ ਸਿੰਘ ਵਾਲਾ, ਜਗਤਾਰ ਸਿੰਘ ਸਾਬਕਾ ਸਰਪੰਚ ਕੋਠੇ ਹਵਾਨਾ, ਗੁਰਪਿਆਰ ਸਿੰਘ ਢਿੱਲੋਂ, ਸਾਬਕਾ ਸਰਪੰਚ ਜਰਨੈਲ ਸਿੰਘ, ਮੇਲਾ ਸਿੰਘ ਧਾਲੀਵਾਲ, ਪੱਪਾ ਢਿੱਲੋਂ, ਪ੍ਰੀਤਮ ਸਿੰਘ ਸਾਬਕਾ ਸਰਪੰਚ ਗੁਰੂ ਤੇਗ ਬਹਾਦਰ ਨਗਰ, ਬਿੱਕਰ ਸਿੰਘ ਸਾਬਕਾ ਪੰਚ, ਅੰਮ੍ਰਿਤਪਾਲ ਸਿੰਘ ਪਾਲੀ ਸਾਬਕਾ ਚੇਅਰਮੈਨ, ਸੁਖਦੇਵ ਸਿੰਘ ਢਿੱਲੋਂ ਆਦਿ ਹਾਜ਼ਰ ਸਨ।

# ਲੇਬਰ ਕੋਡਾਂ ਦੇ ਖ਼ਿਲਾਫ਼ ਮੁਲਾਜ਼ਮਾਂ, ਮਜ਼ਦੂਰਾਂ ਤੇ ਪੈਨਸ਼ਨਰਾਂ ਨੇ ਮੋਦੀ ਸਰਕਾਰ ਦਾ ਪੁਤਲਾ ਫ਼ੂਕਿਆ

ਫ਼ਰੀਦਕੋਟ, 27 ਨਵੰਬਰ (ਸਰਬਜੀਤ ਸਿੰਘ)-ਕੇਂਦਰੀ ਹੁਕਮਰਾਨ ਮੋਦੀ ਸਰਕਾਰ ਵਲੋਂ ਕਾਰਪੋਰੇਟ ਘਰਾਣਿਆਂ ਦੇ ਦਬਾਅ ਹੇਠ ਮਜ਼ਦੂਰਾਂ ਦੇ ਹੱਕਾਂ ਦੀ ਰਾਖੀ ਲਈ ਪਹਿਲਾਂ ਤੋਂ ਲਾਗੂ 29 ਕਿਰਤ ਕਾਨੂੰਨਾਂ ਨੂੰ ਖਤਮ ਕਰਕੇ ਪਿਛਲੇ ਦਿਨੀਂ ਚਾਰ ਲੇਬਰ ਕੋਡਾਂ ਨੂੰ ਲਾਗੂ ਕਰਨ ਦਾ ਨੋਟੀਫਿਕੇਸ਼ਨ ਜਾਰੀ ਕੀਤਾ ਗਿਆ ਹੈ। ਦੇਸ਼ ਭਰ ਦੀਆਂ 10 ਕੇਂਦਰੀ ਟਰੇਡ ਯੂਨੀਅਨਾਂ ਦੇ ਸੱਦੇ 'ਤੇ ਫ਼ਰੀਦਕੋਟ ਵਿਖੇ ਏਟਕ 'ਚ ਸ਼ਾਮਿਲ ਮੁਲਾਜ਼ਮਾਂ, ਮਜ਼ਦੂਰਾਂ ਤੇ ਪੈਨਸ਼ਨਰਾਂ ਵਲੋਂ ਸਥਾਨਕ ਭਾਈ ਘਨੱਈਆ ਚੌਂਕ ਵਿਖੇ ਰੋਸ ਪ੍ਰਦਰਸ਼ਨ ਕਰਨ ਤੋਂ ਬਾਅਦ ਮੋਦੀ ਸਰਕਾਰ ਦਾ ਪੁਤਲਾ ਫ਼ੂਕਿਆ ਗਿਆ। ਇਸ ਮੌਕੇ ਵੱਖ-ਵੱਖ ਜਥੇਬੰਦੀਆਂ ਦੇ ਆਗੂਆਂ ਪ੍ਰੇਮ ਚਾਵਲਾ, ਬਲਕਾਰ ਸਿੰਘ ਸਹੋਤਾ, ਕੁਲਵੰਤ ਸਿੰਘ ਚਾਨੀ, ਹਰਵਿੰਦਰ ਸ਼ਰਮਾ ਸੂਬਾ ਪ੍ਰਧਾਨ ਸੋਮ ਨਾਥ ਅਰੋੜਾ, ਕੁਲਵਿੰਦਰ ਕੌਰ ਤੇ ਦਵਿੰਦਰ ਕੌਰ ਨੇ ਕਿਹਾ ਕਿ ਭਾਵੇਂ ਸਰਕਾਰ ਲੇਬਰ ਕੋਡ ਲਾਗੂ ਕਰਨ ਨੂੰ ਸ਼ੋਸ਼ਲ ਮੀਡੀਏ ਤੇ ਆਪਣੇ ਹੋਰ ਸਾਧਨਾਂ ਰਾਹੀਂ ਇਸ ਤਰ੍ਹਾਂ ਮਜ਼ਦੂਰ ਪੱਖੀ ਬਣਾ ਕੇ ਪੇਸ਼ ਕਰ ਰਹੀ ਹੈ ਜਿਵੇਂ ਮਜ਼ਦੂਰਾਂ ਦੀ ਜ਼ਿੰਦਗੀ ਦਾ ਕਾਇਆ ਕਲਪ ਕਰਨ ਦਾ ਆਗਾਜ਼ ਕਰ ਦਿੱਤਾ ਗਿਆ ਹੋਵੇ, ਜਦਕਿ ਨੰਗਾ ਚਿੱਟਾ ਸੱਚ ਤਾਂ ਇਹ ਹੈ ਕਿ ਇਹ ਇਹ ਕੋਡ ਕਾਰਪਰੇਟਾਂ ਦੀ ਸਹਿਮਤੀ ਨਾਲ ਮਜ਼ਦੂਰਾਂ ਨੂੰ ਹਕੀਕੀ ਤੌਰ 'ਤੇ ਕਾਨੂੰਨੀ ਤੌਰ 'ਤੇ ਮਿਲੇ ਪਹਿਲੇ ਅਧਿਕਾਰਾਂ ਨੂੰ ਵੰਚਿਤ ਕਰਨ ਦੀ ਗਿਣੀ ਮਿਤੀ ਸਾਜਿਸ ਹੈ, ਕਿਉਂਕਿ ਕਾਰਪੋਰੇਟ ਘਰਾਣੇ ਸਰਕਾਰ ਦੇ ਦਬਾਅ ਪਾਉਂਦੇ ਹਨ ਕਿ ਉਨ੍ਹਾਂ ਦੇ ਵਪਾਰ ਕਰਨ 'ਤੇ ਕਿਸੇ ਕਿਸਮ ਦੀ ਕੋਈ ਸ਼ਰਤ ਮਜ਼ਦੂਰਾਂ ਦੇ ਅਧਿਕਾਰਾਂ ਦੀ ਨਾ ਹੋਵੇ। ਆਗੂਆਂ ਨੇ ਕਿਹਾ ਕਿ ਮਜ਼ਦੂਰ ਵਿਰੋਧੀ ਇਨ੍ਹਾਂ ਕੋਡਜ਼ ਨੂੰ ਵਾਪਸ ਕਰਵਾਉਣ ਲਈ ਵਿਸ਼ਾਲ ਏਕੇ ਨਾਲ ਲਗਾਤਾਰ ਸੰਘਰਸ਼ ਕਰਨਾ ਪਵੇਗਾ ਤਾਂ ਹੀ ਮੋਦੀ ਸਰਕਾਰ ਵਲੋਂ ਲਾਗੂ ਕੀਤੀਆਂ ਜਾ ਰਹੀਆਂ ਇਨ੍ਹਾਂ ਲੋਕ ਵਿਰੋਧੀ ਨੀਤੀਆਂ ਨੂੰ ਮੋੜਾ ਦਿੱਤਾ ਜਾ ਸਕਦਾ ਹੈ। ਇਸ ਮੌਕੇ ਪ੍ਰਿੰਸੀਪਲ ਕ੍ਰਿਸ਼ਨ ਲਾਲ, ਜਸਵਿੰਦਰ ਸਿੰਘ ਬਰਾੜ, ਰਮੇਸ਼ ਢੈਪਈ, ਨਛੱਤਰ ਸਿੰਘ ਭਾਣਾ, ਸੁਰਿੰਦਰ ਸਿੰਘ ਚੇਅਰਮੈਨ, ਗੁਰਦੀਪ ਭੋਲਾ, ਹਰਨੇਕ ਸਿੰਘ ਕਲੇਰ ਪੀ.ਆਰ.ਟੀ.ਸੀ., ਰਾਜੇਸ਼ ਕੁਮਾਰ, ਮਨਜਿੰਦਰ ਸਿੰਘ, ਗੁਰਮਰਨਜੀਤ ਸਿੰਘ, ਅਰਜਨ ਸਿੰਘ, ਪਰਮਜੀਤ ਸਿੰਘ ਪੰਮਾ, ਸ਼ਿਕੰਦਰ ਸਿੰਘ, ਨਰਿੰਦਰ ਸਿੰਘ, ਜੋਤੀ ਪ੍ਰਕਾਸ਼ ਮੰਡੀ ਬੋਰਡ ਅਤੇ ਰਾਜਵੰਤ ਸਿੰਘ ਸੇਵਾ ਮੁਕਤ ਵੋਕੇਸਨਲ ਟੀਚਰ ਆਦਿ ਹਾਜ਼ਰ ਸਨ।



ਸੜਕ ਸੁਰੱਖਿਆ ਕਮੇਟੀ ਦੀ ਮੀਟਿੰਗ ਦੀ ਪ੍ਰਧਾਨਗੀ ਕਰਦੇ ਹੋਏ ਗੁਰਪ੍ਰੀਤ ਸਿੰਘ ਥਿੰਦ ਵਧੀਕ ਡਿਪਟੀ ਕਮਿਸ਼ਨਰ।

# ਵਧੀਕ ਡਿਪਟੀ ਕਮਿਸ਼ਨਰ ਵਲੋਂ ਸੜਕ ਸੁਰੱਖਿਆ ਕਮੇਟੀ ਦੀ ਮੀਟਿੰਗ

## • ਆਵਾਜਾਈ ਨਿਯਮਾਂ ਪ੍ਰਤੀ ਲੋਕਾਂ ਨੂੰ ਕੀਤਾ ਜਾਵੇ ਵੱਧ ਤੋਂ ਵੱਧ ਜਾਗਰੂਕ

ਸ੍ਰੀ ਮੁਕਤਸਰ ਸਾਹਿਬ, 27 ਨਵੰਬਰ (ਰਣਜੀਤ ਸਿੰਘ ਢਿੱਲੋਂ)-ਵਧੀਕ ਡਿਪਟੀ ਕਮਿਸ਼ਨਰ (ਜ) ਗੁਰਪ੍ਰੀਤ ਸਿੰਘ ਥਿੰਦ ਦੀ ਅਗਵਾਈ ਹੇਠ ਸੜਕ ਸੁਰੱਖਿਆ ਕਮੇਟੀ ਦੀ ਮੀਟਿੰਗ ਦਫ਼ਤਰ ਡਿਪਟੀ ਕਮਿਸ਼ਨਰ ਵਿਖੇ ਕੀਤੀ ਗਈ। ਵਧੀਕ ਡਿਪਟੀ ਕਮਿਸ਼ਨਰ ਨੇ ਨਗਰ ਕੌਂਸਲ ਦੇ ਅਧਿਕਾਰੀਆਂ ਨੂੰ ਹਦਾਇਤ ਕੀਤੀ ਕਿ ਸ਼ਹਿਰਾਂ 'ਚ ਲਾਵਾਰਸ ਪਸ਼ੂਆਂ ਦੀ ਰੋਕਥਾਮ ਲਈ ਢੁਕਵੇਂ ਪ੍ਰਬੰਧ ਕੀਤੇ ਜਾਣ ਤੇ ਨਾਜਾਇਜ਼ ਕਬਜ਼ੇ ਹਟਾਉਣ ਲਈ ਪ੍ਰਕਿਰਿਆ ਅਮਲ 'ਚ ਲਿਆਂਦੀ ਜਾਵੇ ਤਾਂ ਜੋ ਆਵਾਜਾਈ ਦੌਰਾਨ ਕੋਈ ਪ੍ਰੇਸ਼ਾਨੀ ਦਾ ਸਾਹਮਣਾ ਨਾ ਕਰਨਾ ਪਵੇ। ਇਸੇ ਮੌਕੇ ਉਨ੍ਹਾਂ ਸੰਬੰਧਿਤ ਵਿਭਾਗਾਂ ਦੇ ਅਧਿਕਾਰੀਆਂ ਨੂੰ ਹਦਾਇਤ ਕਰਦਿਆਂ ਕਿਹਾ ਕਿ ਲੋਕਾਂ ਨੂੰ ਆਵਾਜਾਈ ਨਿਯਮਾਂ ਪ੍ਰਤੀ ਵੱਧ ਤੋਂ ਵੱਧ ਜਾਗਰੂਕਤਾ ਲਈ ਜ਼ਿਆਦਾ ਤੋਂ ਜ਼ਿਆਦਾ ਸੈਮੀਨਾਰ ਲਗਾਏ ਜਾਣ ਤੇ ਲੋਕਾਂ ਨੂੰ ਆਵਾਜਾਈ ਨਿਯਮਾਂ ਦੀ ਪਾਲਣਾ ਕਰਨ ਲਈ ਪ੍ਰੇਰਿਤ ਕੀਤਾ ਜਾਵੇ। ਇਸ ਮੌਕੇ ਉਨ੍ਹਾਂ ਮੰਡੀ ਬੋਰਡ ਤੇ ਬੀ ਐਂਡ ਆਰ ਵਿਭਾਗ ਨੂੰ ਹਦਾਇਤ ਕੀਤੀ ਕਿ ਜਿਹੜੀਆਂ ਸੜਕਾਂ ਟੁੱਟੀਆਂ ਹਨ, ਉਨ੍ਹਾਂ ਨੂੰ ਠੀਕ ਕਰਵਾਇਆ ਜਾਵੇ। ਉਨ੍ਹਾਂ ਸਿੱਖਿਆ ਵਿਭਾਗ ਨੂੰ ਹਦਾਇਤ ਕੀਤੀ ਕਿ ਜਿਹੜੇ ਸਕੂਲ ਮੁੱਖ ਸੜਕਾਂ ਦੇ ਨਜ਼ਦੀਕ ਹਨ, ਉੱਥੇ ਸਾਈਨ ਬੋਰਡ ਤੇ ਸਪੀਡ ਬਰੈਕਾਂ ਦਾ ਪ੍ਰਬੰਧ ਕੀਤਾ ਜਾਵੇ ਤਾਂ ਜੋ ਸਕੂਲੀ ਬੱਚਿਆਂ ਨੂੰ ਕਿਸੇ ਵੀ ਪ੍ਰਕਾਰ ਦਾ ਕੋਈ ਨੁਕਸਾਨ ਨਾ ਪਹੁੰਚੇ। ਉਨ੍ਹਾਂ ਕਿਹਾ ਕਿ ਸੜਕ ਦੁਰਘਟਨਾਵਾਂ ਨੂੰ ਘੱਟ ਕਰਨ ਤੇ ਪੀੜਤਾਂ ਦੀ ਜਲਦ ਮਦਦ ਲਈ ਪੰਜਾਬ ਸਰਕਾਰ ਵਲੋਂ ਸੜਕ ਸੁਰੱਖਿਆ ਫੋਰਸ ਦਾ ਵੀ ਗਠਨ ਕੀਤਾ ਹੋਇਆ ਹੈ। ਉਨ੍ਹਾਂ ਲੋਕਾਂ ਨੂੰ ਵੀ ਅਪੀਲ ਕੀਤੀ ਕਿ ਵਾਹਨ ਚਲਾਉਂਦੇ ਸਮੇਂ ਸੜਕ ਸੁਰੱਖਿਆਂ ਨਿਯਮਾਂ ਦੀ ਸਖਤੀ ਨਾਲ ਪਾਲਣਾ ਕੀਤੀ ਜਾਵੇ ਤੇ ਪੂਰੀ ਸਾਵਧਾਨੀ ਵਰਤੀ ਜਾਵੇ। ਇਸ ਮੌਕੇ ਐੱਸ.ਡੀ.ਐੱਮ. ਬਲਜੀਤ ਕੌਰ, ਡਿਪਟੀ ਡਾਇਰੈਕਟਰ ਡਾ. ਗੁਰਦਿੱਤ ਸਿੰਘ ਔਲਖ, ਜਸਪ੍ਰੀਤ ਸਿੰਘ ਛਾਬੜਾ ਤੋਂ ਇਲਾਵਾ ਸੰਬੰਧਿਤ ਵਿਭਾਗਾਂ ਦੇ ਅਧਿਕਾਰੀ ਹਾਜ਼ਰ ਸਨ।



ਲੋਕਾਂ ਨੂੰ ਸੜਕ ਸੁਰੱਖਿਆ ਸੰਬੰਧੀ ਕਿਤਾਬਾਂ ਵੰਡਣ ਸਮੇਂ ਜਾਗਰੂਕ ਕਰਦੇ ਹੋਏ ਜਸਪ੍ਰੀਤ ਸਿੰਘ ਛਾਬੜਾ, ਏ.ਐੱਸ.ਆਈ. ਜਸਵਿੰਦਰ ਸਿੰਘ ਅਤੇ ਯਾਦਵਿੰਦਰ ਸਿੰਘ, ਬਲਕਰਨ ਸਿੰਘ। ਅਜੀਤ ਤਸਵੀਰ

# ਲੋਕਾਂ ਨੂੰ ਸੜਕ ਸੁਰੱਖਿਆ ਨਿਯਮਾਂ ਸੰਬੰਧੀ ਕਿਤਾਬਾਂ ਵੰਡੀਆਂ

ਸ੍ਰੀ ਮੁਕਤਸਰ ਸਾਹਿਬ, 27 ਨਵੰਬਰ (ਰਣਜੀਤ ਸਿੰਘ ਢਿੱਲੋਂ)-ਐੱਸ.ਐੱਸ.ਪੀ. ਅਭਿਮੰਨਿਊ ਰਾਣਾ ਤੇ ਡੀ.ਐੱਸ.ਪੀ. ਟ੍ਰੈਫ਼ਿਕ ਅਮਨਦੀਪ ਸਿੰਘ ਦੇ ਦਿਸ਼ਾ-ਨਿਰਦੇਸ਼ 'ਤੇ ਟ੍ਰੈਫ਼ਿਕ ਪੁਲਿਸ ਤੇ ਮੁਕਤੀਸਰ ਵੈੱਲਫ਼ੇਅਰ ਕਲੱਬ ਵਲੋਂ ਲੋਕਾਂ ਨੂੰ ਟ੍ਰੈਫ਼ਿਕ ਨਿਯਮਾਂ ਦੀ ਜਾਣਕਾਰੀ ਦੇਣ ਲਈ ਟ੍ਰੈਫ਼ਿਕ ਜਾਗਰੂਕਤਾ ਕਿਤਾਬਾਂ ਵੰਡੀਆਂ ਗਈਆਂ। ਇਸ ਮੌਕੇ ਕਲੱਬ ਪ੍ਰਧਾਨ ਤੇ ਪੰਜਾਬ ਰਾਜ ਸੜਕ ਸੁਰੱਖਿਆ ਸਲਾਹਕਾਰ ਕਮੇਟੀ ਦੇ ਮੈਂਬਰ ਜਸਪ੍ਰੀਤ ਸਿੰਘ ਛਾਬੜਾ, ਏ.ਐੱਸ.ਆਈ. ਜਸਵਿੰਦਰ ਸਿੰਘ, ਟ੍ਰੈਫ਼ਿਕ ਮੁਨਸ਼ੀ ਯਾਦਵਿੰਦਰ ਸਿੰਘ ਤੇ ਹੌਲਦਾਰ ਬਲਕਰਨ ਸਿੰਘ ਆਦਿ ਹਾਜ਼ਰ ਸਨ। ਨੌਜਵਾਨਾਂ ਨੂੰ ਕਿਤਾਬਾਂ ਵੰਡਦੇ ਹੋਏ ਜਸਪ੍ਰੀਤ ਸਿੰਘ ਛਾਬੜਾ ਤੇ ਜਸਵਿੰਦਰ ਸਿੰਘ ਏ.ਐੱਸ.ਆਈ. ਨੇ ਕਿਹਾ ਕਿ ਸੜਕੀ ਹਾਦਸਿਆਂ ਨੂੰ ਰੋਕਣ ਲਈ ਲੋਕਾਂ ਨੂੰ ਟ੍ਰੈਫ਼ਿਕ ਨਿਯਮਾਂ ਦੀ ਪਾਲਣਾ ਕਰਨੀ ਪਏਗੀ। ਉਨ੍ਹਾਂ ਕਿਹਾ ਕਿ ਧੁੰਦ ਦਾ ਮੌਸਮ ਆ ਗਿਆ ਹੈ। ਲੋਕਾਂ ਨੂੰ ਆਪਣੀ ਕੀਮਤੀ ਜਾਨਾਂ ਬਚਾਉਣ ਲਈ ਆਪਣੇ ਵਾਹਨ ਤੇਜ਼ ਰਫ਼ਤਾਰ 'ਚ ਸੜਕਾਂ ਉੱਪਰ ਨਹੀਂ ਚਲਾਉਣੇ ਚਾਹੀਦੇ। ਉਨ੍ਹਾਂ ਨੌਜਵਾਨਾਂ ਨੂੰ ਅਪੀਲ ਕੀਤੀ ਕਿ ਉਨ੍ਹਾਂ ਦੀ ਉਮਰ 18 ਸਾਲ ਤੋਂ ਘੱਟ ਹੈ ਤਾਂ ਉਹ ਵਾਹਨ ਨਾ ਚਲਾਉਣ ਤੇ ਚਾਰ ਪਹੀਆ ਵਾਹਨ ਚਾਲਕ ਸੀਟ ਬੈਲਟ ਦਾ ਪ੍ਰਯੋਗ ਕਰਨ ਤੇ ਦੋਪਹੀਆ ਵਾਹਨ ਚਾਲਕ ਹੈਲਮਟ ਦਾ ਪ੍ਰਯੋਗ ਕਰਨ। ਉਨ੍ਹਾਂ ਕਮਰਸ਼ੀਅਲ ਵਾਹਨ ਚਾਲਕਾਂ ਨੂੰ ਅਪੀਲ ਕੀਤੀ ਕਿ ਉਹ ਓਵਰਲੋਡਿੰਗ ਕਰਕੇ ਵਾਹਨ ਨਾ ਚਲਾਉਣ ਤੇ ਕਿਸੇ ਵੀ ਪ੍ਰਕਾਰ ਦਾ ਉਨ੍ਹਾਂ ਨੇ ਨਸ਼ਾ ਨਾ ਕੀਤਾ ਹੋਵੇ। ਡਰਾਈਵਰ ਸਮੇਂ-ਸਮੇਂ 'ਤੇ ਆਪਣੀਆਂ ਅੱਖਾਂ ਦਾ ਚੈੱਕਅਪ ਕਰਵਾਉਂਦੇ ਰਹਿਣ ਆਦਿ ਸੰਬੰਧੀ ਜਾਗਰੂਕ ਕੀਤਾ।

# ਧੁੰਦ 'ਚ ਬਚਾਅ ਲਈ ਗੱਡੀਆਂ ਹੌਲੀ ਚਲਾਈਆਂ ਜਾਣ-ਜ਼ਿਲ੍ਹਾ ਪੁਲਿਸ ਮੁਖੀ

ਸ੍ਰੀ ਮੁਕਤਸਰ ਸਾਹਿਬ, 27 ਨਵੰਬਰ (ਰਣਜੀਤ ਸਿੰਘ ਢਿੱਲੋਂ, ਹਰਮਹਿੰਦਰ ਪਾਲ)-ਸੜਕੀ ਹਾਦਸਿਆਂ 'ਚ ਲੋਕਾਂ ਨੂੰ ਬਚਾਉਣ ਲਈ ਚਲਾਈਆਂ ਜਾ ਰਹੀਆਂ ਮੁਹਿੰਮਾਂ ਹੇਠ ਐੱਸ.ਐੱਸ.ਪੀ. ਅਭਿਮੰਨਿਊ ਰਾਣਾ ਵਲੋਂ ਜ਼ਿਲ੍ਹੇ ਅੰਦਰ ਟ੍ਰੈਫ਼ਿਕ ਸੁਰੱਖਿਆ ਸੰਬੰਧੀ ਵਿਸ਼ੇਸ਼ ਜਾਗਰੂਕਤਾ ਉਪਰਾਲੇ ਤੇਜ਼ ਕੀਤੇ ਗਏ ਹਨ। ਇਸ ਤਹਿਤ ਪੁਲਿਸ ਦੀਆਂ ਖ਼ਾਸ ਟੀਮਾਂ ਪਿੰਡਾਂ, ਸ਼ਹਿਰਾਂ, ਸਕੂਲਾਂ, ਕਾਲਜਾਂ ਵਿਚ ਜਾ ਕੇ ਲੋਕਾਂ ਤੇ ਵਿਦਿਆਰਥੀਆਂ ਨੂੰ ਨਿਯਮਾਂ ਦੀ ਪਾਲਣਾ ਕਰਨ ਲਈ ਜਾਗਰੂਕ ਕਰ ਰਹੀਆਂ ਹਨ। ਐੱਸ.ਐੱਸ.ਪੀ. ਅਭਿਮੰਨਿਊ ਰਾਣਾ ਵਲੋਂ ਜ਼ਿਲ੍ਹਾ ਵਾਸੀਆਂ ਨੂੰ ਅਪੀਲ ਕੀਤੀ ਗਈ ਕਿ ਸਰਦੀ ਦੇ ਮੌਸਮ ਵਿਚ ਸਵੇਰ ਤੇ ਰਾਤ ਸਮੇਂ ਹੋਣ ਵਾਲੀ ਸੰਘਣੀ ਧੁੰਦ ਕਾਰਨ ਵਾਹਨ ਚਲਾਉਣ ਸਮੇਂ ਵਿਸ਼ੇਸ਼ ਸਾਵਧਾਨੀ ਵਰਤੀ ਜਾਵੇ। ਉਨ੍ਹਾਂ ਕਿਹਾ ਕਿ ਧੁੰਦ ਵਿਚ ਵਾਹਨਾਂ ਨੂੰ ਹਮੇਸ਼ਾ ਹੌਲੀ ਗਤੀ ਵਿਚ ਚਲਾਇਆ ਜਾਵੇ, ਕਿਸੇ ਵੀ ਵਾਹਨ ਨੂੰ ਓਵਰਟੇਕ ਕਰਦੇ ਸਮੇਂ ਅੱਗੇ-ਪਿੱਛੇ ਪੂਰੀ ਤਰ੍ਹਾਂ ਚੈੱਕ ਕੀਤਾ ਜਾਵੇ, ਅੱਗੇ ਚੱਲ ਰਹੀ ਗੱਡੀ ਨਾਲੋਂ ਫਾਸਲਾ ਜ਼ਰੂਰ ਰੱਖਿਆ ਜਾਵੇ, ਧੁੰਦ ਵਿਚ ਕਦੇ ਵੀ ਵਾਹਨ ਨੂੰ ਸੜਕ ਦੇ ਵਿਚਕਾਰ ਨਾ ਰੋਕਿਆ ਜਾਵੇ ਤੇ ਜੇਕਰ ਜ਼ਰੂਰਤ ਪਵੇ ਤਾਂ ਇੰਡੀਕੇਟਰ ਚਾਲੂ ਰੱਖੇ ਜਾਣ। ਉਨ੍ਹਾਂ ਕਿਹਾ ਕਿ ਰਾਤ ਸਮੇਂ ਬਹੁਤੇ ਹਾਦਸਿਆਂ ਦੀ ਵਜ੍ਹਾ ਵਹੀਕਲ ਦਾ ਵਿਖਾਈ ਨਾ ਦੇਣਾ ਹੁੰਦਾ ਹੈ, ਇਸ ਲਈ ਹਰ ਵਹੀਕਲ 'ਤੇ ਰਿਫ਼ਲੈਕਟਰ ਲਗਾਉਣਾ ਬੇਹੱਦ ਜ਼ਰੂਰੀ ਹੈ। ਐੱਸ.ਐੱਸ.ਪੀ. ਨੇ ਹੋਰ ਅਪੀਲ ਕਰਦਿਆਂ ਕਿਹਾ ਕਿ ਵਾਹਨ ਚਲਾਉਣ ਤੋਂ ਪਹਿਲਾਂ ਕਿਸੇ ਵੀ ਪ੍ਰਕਾਰ ਦਾ ਨਸ਼ਾ ਨਾ ਕੀਤਾ ਜਾਵੇ, ਦੋਪਹੀਆ ਵਾਹਨ ਚਲਾਉਂਦੇ ਸਮੇਂ ਹੈਲਮਟ ਜ਼ਰੂਰ ਪਹਿਨੇ ਜਾਣ, ਚਾਰ ਪਹੀਆ ਵਾਹਨ ਵਿਚ ਸੀਟ ਬੈਲਟ ਲਗਾਣਾ ਬਿਲਕੁਲ ਲਾਜ਼ਮੀ ਹੈ। ਹੈਵੀ ਵਹੀਕਲ ਨੂੰ ਸ਼ਹਿਰ ਅੰਦਰ ਲਿਆਉਣ ਤੋਂ ਸੰਭਵ ਹੋਵੇ ਤੱਕ ਬਚਿਆ ਜਾਵੇ। ਇਸ ਮੌਕੇ ਉਨ੍ਹਾਂ ਜ਼ਿਲ੍ਹਾ ਵਾਸੀਆਂ ਨੂੰ ਖ਼ਾਸ ਤੌਰ 'ਤੇ ਬਾਜ਼ਾਰਾਂ ਵਿਚ ਖ਼ਰੀਦਦਾਰੀ ਦੌਰਾਨ ਟ੍ਰੈਫ਼ਿਕ ਸਹਿਯੋਗ ਦੇਣ ਦੀ ਅਪੀਲ ਕੀਤੀ।



ਜ਼ਿਲ੍ਹਾ ਪੁਲਿਸ ਮੁਖੀ ਅਭਿਮੰਨਿਊ ਰਾਣਾ ਗੱਲਬਾਤ ਕਰਦੇ ਹੋਏ। ਅਜੀਤ ਤਸਵੀਰ

# ਨਸ਼ੀਲੇ ਪਾਊਡਰ ਸਮੇਤ ਇਕ ਕਾਬੂ, ਮਾਮਲਾ ਦਰਜ

ਫ਼ਰੀਦਕੋਟ, 27 ਨਵੰਬਰ (ਸਰਬਜੀਤ ਸਿੰਘ)-ਥਾਣਾ ਸਿਟੀ ਫ਼ਰੀਦਕੋਟ ਪੁਲਿਸ ਵਲੋਂ ਸਥਾਨਕ ਨਿਊਂ ਕੈਂਟ ਰੋਡ ਤੋਂ ਸ਼ੱਕ ਦੇ ਆਧਾਰ 'ਤੇ ਇਕ ਵਿਅਕਤੀ ਨੂੰ ਕਾਬੂ ਕਰਕੇ ਉਸ ਪਾਸੋਂ 8 ਗ੍ਰਾਮ ਨਸ਼ੀਲਾ ਪਾਊਡਰ ਬਰਾਮਦ ਕਰਨ ਦਾ ਦਾਅਵਾ ਕੀਤਾ ਗਿਆ ਹੈ। ਪੁਲਿਸ ਵਲੋਂ ਕਥਿਤ ਦੋਸ਼ੀਆਂ ਖ਼ਿਲਾਫ਼ ਥਾਣਾ ਸਿਟੀ ਫ਼ਰੀਦਕੋਟ ਵਿਖੇ ਮਾਮਲਾ ਦਰਜ ਕਰ ਲਿਆ ਗਿਆ ਹੈ। ਪ੍ਰਾਪਤ ਸੂਚਨਾ ਅਨੁਸਾਰ ਹੌਲਦਾਰ ਪਰਵਿੰਦਰ ਸਿੰਘ ਨੇ ਦੱਸਿਆ ਕਿ ਉਹ ਹੋਰ ਪੁਲਿਸ ਮੁਲਾਜ਼ਮਾਂ ਸਮੇਤ ਸ਼ੱਕੀ ਪੁਰਸ਼ਾਂ ਸੰਬੰਧੀ ਸਰਕੂਲਰ ਰੋਡ ਤੋਂ ਸਰਕਾਰੀ ਪਸ਼ੂ ਹਸਪਤਾਲ ਵੱਲ ਨੂੰ ਜਾ ਰਹੇ ਸਨ ਤਾਂ ਰਸਤੇ 'ਚ ਆ ਰਹੇ ਸਰਬਨ ਸਿੰਘ ਉਰਫ਼ ਮੰਗਾ ਪੁੱਤਬ ਭੀਮਾ ਸਿੰਘ ਵਾਸੀ ਫ਼ਰੀਦਕੋਟ ਨੂੰ ਸ਼ੱਕ ਦੇ ਆਧਾਰ 'ਤੇ ਕਾਬੂ ਕਰਕੇ ਹਸਬ ਜਾਬਤਾ ਅਨੁਸਾਰ ਉਸਦੀ ਤਲਾਸ਼ੀ ਲਈ ਤਾਂ ਉਸ ਪਾਸੋਂ ਕਥਿਤ ਤੌਰ 'ਤੇ 8 ਗ੍ਰਾਮ ਹੈਰੋਇਨ ਬਰਾਮਦ ਕੀਤੀ ਗਈ। ਉਨ੍ਹਾਂ ਦੱਸਿਆ ਕਿ ਕਥਿਤ ਦੋਸ਼ੀ ਖਿਲਾਫ਼ ਥਾਣਾ ਸਿਟੀ ਫ਼ਰੀਦਕੋਟ ਵਿਖੇ ਐਨ.ਡੀ.ਪੀ.ਐਸ. ਐਕਟ ਤਹਿਤ ਮਾਮਲਾ ਦਰਜ ਕਰ ਲਿਆ ਗਿਆ ਹੈ ਤੇ ਅਗਲੇਰੀ ਕਾਨੂੰਨੀ ਕਾਰਵਾਈ ਅਮਲ 'ਚ ਲਿਆਂਦੀ ਜਾ ਰਹੀ ਹੈ।

# ਨਸ਼ੇ ਦੀਆਂ ਪਾਬੰਦੀਸ਼ੁਦਾ ਗੋਲੀਆਂ ਸਮੇਤ 2 ਵਿਅਕਤੀ ਕਾਬੂ

ਫ਼ਰੀਦਕੋਟ, 27 ਨਵੰਬਰ (ਸਰਬਜੀਤ ਸਿੰਘ)-ਥਾਣਾ ਸਦਰ, ਫ਼ਰੀਦਕੋਟ ਪੁਲਿਸ ਵਲੋਂ ਪਿੰਡ ਰਾਜੋਵਾਲਾ ਤੋਂ ਸ਼ੱਕ ਦੇ ਆਧਾਰ 'ਤੇ ਨਸ਼ੇ ਦੀਆਂ ਪਾਬੰਦੀਸ਼ੁਦਾ ਗੋਲੀਆਂ ਸਮੇਤ 2 ਵਿਅਕਤੀਆਂ ਨੂੰ ਕਾਬੂ ਕਰਨ ਦਾ ਦਾਅਵਾ ਕੀਤਾ ਗਿਆ ਹੈ। ਕਾਬੂ ਕੀਤੇ ਗਏ ਕਥਿਤ ਦੋਸ਼ੀਆਂ ਖ਼ਿਲਾਫ਼ ਪੁਲਿਸ ਵਲੋਂ ਮਾਮਲਾ ਦਰਜ ਕਰ ਲਿਆ ਗਿਆ ਹੈ। ਪ੍ਰਾਪਤ ਸੂਚਨਾ ਅਨੁਸਾਰ ਸਹਾਇਕ ਥਾਣੇਦਾਰ ਸੁਖਵਿੰਦਰ ਸਿੰਘ ਇੰਚਾਰਜ ਪੁਲਿਸ ਚੌਂਕੀ ਗੋਲੇਵਾਲਾ ਨੇ ਦੱਸਿਆ ਕਿ ਉਹ ਹੋਰ ਪੁਲਿਸ ਮੁਲਾਜ਼ਮਾਂ ਸਮੇਤ ਸ਼ੱਕੀ ਪੁਰਸ਼ਾਂ ਸੰਬੰਧੀ ਪਿੰਡ ਗੋਲੇਵਾਲਾ ਤੋਂ ਰਾਜੋਵਾਲਾ ਨੂੰ ਜਾ ਰਹੇ ਸਨ ਤਾਂ ਸ਼ੱਕ ਦੇ ਆਧਾਰ 'ਤੇ ਧਰਮਵੀਰ ਸਿੰਘ ਪੁੱਤਰ ਸੁਲੱਖਣ ਸਿੰਘ ਤੇ ਜਗਮੀਤ ਸਿੰਘ ਪੁੱਤਰ ਬਲੌਰ ਸਿੰਘ ਵਾਸੀ ਪਿੱਪਲੀ ਨੂੰ ਕਾਬੂ ਕਰਕੇ ਉਨ੍ਹਾਂ ਪਾਸੋਂ ਕਥਿਤ ਤੌਰ 'ਤੇ 40 ਖੁੱਲੀਆਂ ਨਸ਼ੇ ਦੀਆਂ ਪਾਬੰਦੀਸ਼ੁਦਾ ਗੋਲੀਆਂ ਬਰਾਮਦ ਕੀਤੀਆਂ। ਉਨ੍ਹਾਂ ਕਿਹਾ ਕਿ ਕਥਿਤ ਦੋਸ਼ੀਆਂ ਵਲੋਂ ਬਰਾਮਦ ਗੋਲੀਆਂ ਸੰਬੰਧੀ ਕੋਈ ਪੁਖਤਾ ਦਸਤਾਵੇਜ ਨਾ ਦਿਖਾਏ ਜਾਣ 'ਤੇ ਉਨ੍ਹਾਂ ਖ਼ਿਲਾਫ਼ ਥਾਣਾ ਸਦਰ ਫ਼ਰੀਦਕੋਟ ਵਿਖੇ ਐਨ.ਡੀ.ਪੀ.ਐਸ.ਐਕਟ ਤਹਿਤ ਮਾਮਲਾ ਦਰਜ ਕਰ ਲਿਆ ਗਿਆ ਹੈ ਤੇ ਅਗਲੇਰੀ ਕਾਨੂੰਨੀ ਕਾਰਵਾਈ ਅਮਲ 'ਚ ਲਿਆਂਦੀ ਜਾ ਰਹੀ ਹੈ।

# ਸ੍ਰੀ ਮੁਕਤਸਰ ਸਾਹਿਬ ਦੀ ਵਿਰਾਸਤੀ ਦਿੱਖ ਬਹਾਲ ਕਰਨ ਦੇ ਯਤਨ ਜਾਰੀ

## • ਮਹਾਰਾਜਾ ਰਣਜੀਤ ਸਿੰਘ ਦੀ ਦੇਣ ਨੂੰ ਕੀਤਾ ਜਾਵੇਗਾ ਉਜਾਗਰ-ਗੁਰਮੀਤ ਸਿੰਘ

ਸ੍ਰੀ ਮੁਕਤਸਰ ਸਾਹਿਬ, 27 ਨਵੰਬਰ (ਹਰਮਹਿੰਦਰ ਪਾਲ)-ਇਤਿਹਾਸਕ ਸ਼ਹਿਰ ਸ੍ਰੀ ਮੁਕਤਸਰ ਸਾਹਿਬ ਦੀ ਵਿਰਾਸਤੀ ਦਿੱਖ ਨੂੰ ਬਹਾਲ ਕਰਨ ਲਈ ਯਤਨਸ਼ੀਲ ਮਹਾਰਾਜਾ ਰਣਜੀਤ ਸਿੰਘ ਮੈਮੋਰੀਅਲ ਸੰਸਥਾ ਵਲੋਂ ਇਸ ਖੇਤਰ ਵਾਸਤੇ ਮਹਾਰਾਜਾ ਰਣਜੀਤ ਸਿੰਘ ਵਲੋਂ ਕੀਤੇ ਕਾਰਜਾਂ ਨੂੰ ਉਭਾਰਨ ਲਈ ਸਰਕਾਰ ਤੇ ਪ੍ਰਸ਼ਾਸਨ ਤੱਕ ਪਹੁੰਚ ਕੀਤੀ ਹੈ। ਇਸ ਸੰਬੰਧੀ ਹੋਈ ਮੀਟਿੰਗ ਦੌਰਾਨ ਗੁਰਮੀਤ ਸਿੰਘ ਪੀ.ਏ., ਗੋਬਿੰਦ ਸਿੰਘ ਦਾਬੜਾ, ਪ੍ਰਿੰਸੀਪਲ ਜਸਵੰਤ ਸਿੰਘ, ਸੰਤ ਬੂਟਾ ਰਾਮ ਕਮਰਾ, ਸਰਬਜੀਤ ਸਿੰਘ ਦਰਦੀ, ਜਸਵੀਰ ਸਿੰਘ, ਗੁਰਸੇਵਕ ਸਿੰਘ ਪ੍ਰੀਤ ਹੋਰਾਂ ਨੇ ਤਜਵੀਜ਼ ਪੇਸ਼ ਕੀਤੀ ਕਿ ਮਹਾਰਾਜਾ ਰਣਜੀਤ ਸਿੰਘ ਰੈੱਡ ਕਰਾਸ ਕੰਪਲੈਕਸ ਦੀਆਂ ਮੁੱਖ ਦੀਵਾਰਾਂ 'ਤੇ ਵੱਡ ਆਕਾਰੀ ਬੋਰਡ ਲਾਏ ਜਾਣ, ਤਾਂ ਜੋ ਕਿ ਆਮ ਲੋਕਾਂ ਨੂੰ ਇਸ ਬਾਰੇ ਪਤਾ ਚੱਲ ਸਕੇ। ਇਸ ਕੰਪਲੈਕਸ ਵਿਖੇ ਮਹਾਰਾਜਾ ਰਣਜੀਤ ਸਿੰਘ ਦਾ ਵੱਡ ਆਕਾਰੀ ਬੁੱਤ ਲਗਾਇਆ ਜਾਵੇ। ਇਸੇ ਤਰ੍ਹਾਂ ਕੰਪਲੈਕਸ ਵਿਚ ਕਾਫ਼ੀ ਸਮੇਂ ਤੋਂ ਬੰਦ ਪਈ ਰਣਜੀਤ ਸਿੰਘ ਰਸੋਈ ਨੂੰ ਮੁੜ ਚਾਲੂ ਕੀਤਾ ਜਾਵੇ ਤਾਂ ਜੋ ਲੋੜਵੰਦ ਲੋਕ ਸਸਤਾ ਖਾਣਾ ਪ੍ਰਾਪਤ ਕਰ ਸਕਣ। ਬੈਠਕ ਉਪਰੰਤ ਇਹ ਸਾਰੀਆਂ ਤਜਵੀਜ਼ਾਂ ਵਿਧਾਇਕ ਜਗਦੀਪ ਸਿੰਘ ਕਾਕਾ ਬਰਾੜ ਦੇ ਧਿਆਨ 'ਚ ਲਿਆਂਦੀਆਂ ਗਈਆਂ, ਜਿਨ੍ਹਾਂ ਦੀ ਪ੍ਰਵਾਨਗੀ ਉਪਰੰਤ ਡਿਪਟੀ ਕਮਿਸ਼ਨਰ ਵਲੋਂ ਇਸ ਉਪਰੰਤ ਕੰਮ ਕਰਨ ਦੇ ਆਦੇਸ਼ ਜਾਰੀ ਕਰ ਦਿੱਤੇ ਹਨ। ਗੁਰਮੀਤ ਸਿੰਘ ਨੇ ਦੱਸਿਆ ਕਿ ਜਲਦੀ ਹੀ ਸੰਸਥਾ 5 ਰੋਜ਼ਾ ਸੱਭਿਆਚਾਰਕ ਸਮਾਗਮ ਵੀ ਕਰਨ ਜਾ ਰਹੀ ਹੈ। ਇਸ ਮੌਕੇ ਵੱਡੀ ਗਿਣਤੀ 'ਚ ਸ਼ਹਿਰ ਵਾਸੀ ਵੀ ਮੌਜੂਦ ਸਨ।



ਮਹਾਰਾਜਾ ਰਣਜੀਤ ਸਿੰਘ ਦੀਆਂ ਯਾਦਾਂ ਬਾਰੇ ਜਾਣਕਾਰੀ ਦਿੰਦੇ ਹੋਏ ਗੁਰਮੀਤ ਸਿੰਘ ਪੀ.ਏ.।

